ਗੋਂਡ ਮਹਲਾ ੫ ॥ ਗੁਰੁ ਮੇਰੀ ਪੂਜਾ ਗੁਰੁ ਗੋਬਿੰਦੁ ॥ ਗੁਰੁ ਮੇਰਾ ਪਾਰਬ੍ਰਹਮੁ ਗੁਰੁ ਭਗਵੰਤੁ ॥ ਗੁਰੁ ਮੇਰਾ ਦੇਉ ਅਲਖ ਅਭੇਉ ॥ ਸਰਬ ਪੂਜ ਚਰਨ ਗੁਰ ਸੇਉ ॥੧॥ ਗੁਰ ਬਿਨੁ ਅਵਰੁ ਨਾਹੀ ਮੈ ਥਾਉ ॥ ਅਨਦਿਨੁ ਜਪਉ ਗੁਰੂ ਗੁਰ ਨਾਉ ॥੧॥ ਰਹਾਉ ॥ ਗੁਰੁ ਮੇਰਾ ਗਿਆਨੁ ਗੁਰੁ ਰਿਦੈ ਧਿਆਨੁ ॥ ਗੁਰੁ ਗੋਪਾਲੁ ਪੁਰਖੁ ਭਗਵਾਨੁ ॥ ਗੁਰ ਕੀ ਸਰਣਿ ਰਹਉ ਕਰ ਜੋਰਿ ॥ ਗੁਰੂ ਬਿਨਾ ਮੈ ਨਾਹੀ ਹੋਰੁ ॥੨ ॥ ਗੁਰੁ ਬੋਹਿਥੁ ਤਾਰੇ ਭਵ ਪਾਰਿ ॥ ਗੁਰ ਸੇਵਾ ਜਮ ਤੇ ਛੁਟਕਾਰਿ ॥ ਅੰਧਕਾਰ ਮਹਿ ਗੁਰ ਮੰਤ੍ਰੁ ਉਜਾਰਾ ॥ ਗੁਰ ਕੈ ਸੰਗਿ ਸਗਲ ਨਿਸਤਾਰਾ ॥੩ ॥ ਗੁਰੁ ਪੂਰਾ ਪਾਈਐ ਵਡਭਾਗੀ ॥ ਗੁਰ ਕੀ ਸੇਵਾ ਦੂਖੁ ਨ ਲਾਗੀ ॥ ਗੁਰ ਕਾ ਸਬਦੁ ਨ ਮੇਟੈ ਕੋਇ ॥ ਗੁਰੁ ਨਾਨਕੁ ਨਾਨਕੁ ਹਰਿ ਸੋਇ ॥੪॥੭॥੯॥ {ਪੰਨਾ 864}

ਪਦਅਰਥ:- ਭਗਵੰਤੁ—ਸਮਰਥਾ ਵਾਲਾ। ਦੇਉ —ਪ੍ਰਕਾਸ਼-ਰੂਪ ਪ੍ਰਭੂ। ਅਲਖ —ਅ-ਲੱਖ, ਜਿਸ ਦਾ ਸਰੂਪ ਬਿਆਨ ਤੋਂ ਪਰੇ ਹੈ। ਅਭੇਉ —ਅ-ਭੇਉ, ਜਿਸ ਦਾ ਭੇਤ ਨਹੀਂ ਪਾਇਆ ਜਾ ਸਕਦਾ। ਸਰਬ ਪੂਜ ਚਰਨ ਗੁਰ —ਗੁਰੂ ਦੇ ਚਰਨ ਜਿਨ੍ਹਾਂ ਦੀ ਪੂਜਾ ਸਾਰੀ ਸ੍ਰਿਸ਼ਟੀ ਕਰਦੀ ਹੈ। ਸੇਉ —ਸੇਉਂ, ਮੈਂ ਸੇਂਵਦਾ ਹਾਂ।1।

ਅਵਰੁ ਥਾਉ—ਹੋਰ ਥਾਂ। ਅਨਦਿਨੁ—ਹਰ ਰੋਜ਼। ਜਪਉ—ਜਪਉਂ, ਮੈਂ ਜਪਦਾ ਹਾਂ।1। ਰਹਾਉ।

ਗਿਆਨੁ—ਧਾਰਮਿਕ ਚਰਚਾ। ਰਿਦੈ —ਹਿਰਦੇ ਵਿਚ। ਧਿਆਨੁ —ਸਮਾਧੀ। ਰਹਉ —ਰਹਉਂ, ਮੈਂ ਰਹਿੰਦਾ ਹਾਂ। ਕਰ ਜੋਰਿ—(ਦੋਵੇਂ) ਹੱਥ ਜੋੜ ਕੇ। ਹੋਰੁ—ਹੋਰ ਥਾਂ।2।

ਬੋਹਿਥੁ—ਜਹਾਜ਼। ਭਵ —ਸੰਸਾਰ-ਸਮੁੰਦਰ। ਤੇ —ਤੋਂ। ਛੁਟਕਾਰਿ —ਖ਼ਲਾਸੀ। ਅੰਧਕਾਰ —ਘੁੱਪ ਹਨੇਰਾ। ਮੰਤ੍ਰੁ—ਉਪਦੇਸ਼, ਸ਼ਬਦ। ਉਜਾਰਾ—ਚਾਨਣ। ਕੈ ਸੰਗਿ—ਦੀ ਸੰਗਤਿ ਵਿਚ। ਸਗਲ—ਸਾਰੇ ਜੀਵ। ਨਿਸਤਾਰਾ—ਪਾਰ-ਉਤਾਰਾ।3।

ਵਡਭਾਗੀ—ਵੱਡੇ ਭਾਗਾਂ ਨਾਲ। ਪਾਈਐ—ਮਿਲਦਾ ਹੈ।4।

ਅਰਥ:- ਹੇ ਭਾਈ! (ਮਾਇਆ ਦੇ ਮੋਹ ਦੇ ਘੁੱਪ ਹਨੇਰੇ ਵਿਚੋਂ ਬਚਣ ਲਈ ) ਗੁਰੂ ਤੋਂ ਬਿਨਾ ਮੈਨੂੰ ਕੋਈ ਹੋਰ ਥਾਂ ਨਹੀਂ ਸੁੱਝਦਾ (ਜਿਸ ਦਾ ਆਸਰਾ ਲੈ ਸਕਾਂ। ਸੋ) ਮੈਂ ਹਰ ਵੇਲੇ ਗੁਰੂ ਦਾ ਨਾਮ ਹੀ ਜਪਦਾ ਹਾਂ (ਗੁਰੂ ਦੀ ਓਟ ਤੱਕੀ ਬੈਠਾ ਹਾਂ)।1। ਰਹਾਉ।

ਹੇ ਭਾਈ! (ਮੇਰਾ) ਗੁਰੂ (ਗੁਰੂ ਦੀ ਸਰਨ ਹੀ ) ਮੇਰੇ ਵਾਸਤੇ (ਦੇਵ-) ਪੂਜਾ ਹੈ, (ਮੇਰਾ) ਗੁਰੂ ਗੋਬਿੰਦ (ਦਾ ਰੂਪ) ਹੈ। ਮੇਰਾ ਗੁਰੂ ਪਰਮਾਤਮਾ (ਦਾ ਰੂਪ) ਹੈ, ਗੁਰੂ ਬੜੀ ਸਮਰਥਾ ਦਾ ਮਾਲਕ ਹੈ। ਮੇਰਾ ਗੁਰੂ

ਉਸ ਪ੍ਰਕਾਸ਼-ਰੂਪ ਪ੍ਰਭੂ ਦਾ ਰੂਪ ਹੈ ਜਿਸ ਦਾ ਸਰੂਪ ਬਿਆਨ ਨਹੀਂ ਕੀਤਾ ਜਾ ਸਕਦਾ ਅਤੇ ਜਿਸ ਦਾ ਭੇਤ ਨਹੀਂ ਪਾਇਆ ਜਾ ਸਕਦਾ। ਮੈਂ ਤਾਂ ਉਹਨਾਂ ਗੁਰ-ਚਰਨਾਂ ਦੀ ਸਰਨ ਪਿਆ ਰਹਿੰਦਾ ਹਾਂ ਜਿਨ੍ਹਾਂ ਨੂੰ ਸਾਰੀ ਸ੍ਰਿਸ਼ਟੀ ਪੂਜਦੀ ਹੈ।1।

ਹੇ ਭਾਈ! ਗੁਰੂ ਹੀ ਮੇਰੇ ਵਾਸਤੇ ਧਾਰਮਿਕ ਚਰਚਾ ਹੈ , ਗੁਰੂ (ਸਦਾ ਮੇਰੇ) ਹਿਰਦੇ ਵਿਚ ਟਿਕਿਆ ਹੋਇਆ ਹੈ, ਇਹੀ ਮੇਰੀ ਸਮਾਧੀ ਹੈ। ਗੁਰੂ ਉਸ ਭਗਵਾਨ ਦਾ ਰੂਪ ਹੈ ਜੋ ਸਰਬ -ਵਿਆਪਕ ਹੈ ਅਤੇ ਸ੍ਰਿਸ਼ਟੀ ਦਾ ਪਾਲਣਹਾਰ ਹੈ। ਮੈਂ (ਆਪਣੇ) ਦੋਵੇਂ ਹੱਥ ਜੋੜ ਕੇ (ਸਦਾ) ਗੁਰੂ ਦੀ ਸਰਨ ਪਿਆ ਰਹਿੰਦਾ ਹਾਂ। ਗੁਰੂ ਤੋਂ ਬਿਨਾ ਮੈਨੂੰ ਕੋਈ ਹੋਰ ਆਸਰਾ ਨਹੀਂ ਸੁੱਝਦਾ।2।

ਹੇ ਭਾਈ! ਗੁਰੂ ਜਹਾਜ਼ ਹੈ ਜੋ ਸੰਸਾਰ-ਸਮੁੰਦਰ ਤੋਂ ਪਾਰ ਲੰਘਾ ਲੈਂਦਾ ਹੈ। ਗੁਰੂ ਦੀ ਸਰਨ ਪਿਆਂ ਜਮਾਂ (ਦੇ ਡਰ) ਤੋਂ ਖ਼ਲਾਸੀ ਮਿਲ ਜਾਂਦੀ ਹੈ। (ਮਾਇਆ ਦੇ ਮੋਹ ਦੇ) ਘੁੱਪ ਹਨੇਰੇ ਵਿਚ ਗੁਰੂ ਦਾ ਉਪਦੇਸ਼ ਹੀ (ਆਤਮਕ ਜੀਵਨ ਦਾ ) ਚਾਨਣ ਦੇਂਦਾ ਹੈ। ਗੁਰੂ ਦੀ ਸੰਗਤਿ ਵਿਚ ਰਿਹਾਂ ਸਾਰੇ ਜੀਵਾਂ ਦਾ ਪਾਰ - ਉਤਾਰਾ ਹੋ ਜਾਂਦਾ ਹੈ।3।

ਹੇ ਭਾਈ! ਵੱਡੀ ਕਿਸਮਤ ਨਾਲ ਪੂਰਾ ਗੁਰੂ ਮਿਲ ਮਿਲਦਾ ਹੈ। ਗੁਰੂ ਦੀ ਸਰਨ ਪਿਆਂ ਕੋਈ ਦੁੱਖ ਪੋਹ ਨਹੀਂ ਸਕਦਾ। (ਜਿਸ ਮਨੁੱਖ ਦੇ ਹਿਰਦੇ ਵਿਚ ) ਗੁਰੂ ਦਾ ਸ਼ਬਦ (ਵੱਸ ਪਏ ਉਸ ਦੇ ਅੰਦਰੋਂ ) ਕੋਈ ਮਨੁੱਖ (ਆਤਮਕ ਜੀਵਨ ਦੇ ਉਜਾਰੇ ਨੂੰ ) ਮਿਟਾ ਨਹੀਂ ਸਕਦਾ। ਹੇ ਭਾਈ ! ਗੁਰੂ ਨਾਨਕ ਉਸ ਪਰਮਾਤਮਾ ਦਾ ਰੂਪ ਹੈ।4।7।9।